BRITISH COLUMBIA GURDWARAS COUNCIL

ਓਨਟੇਰੀਓ ਗੁਰਦੁਵਾਰਾਜ਼ ਕਮੇਟੀ ONTARIO GURDWARAS COMMITTEE

੧ੳ ਸਤਿਗੁਰ ਪ੍ਰਸਾਦਿ
ਰਾਜ ਕਰੇਗਾ ਖ਼ਾਲਸਾ
QUEBEC SIKH COUNCILS

ਜੁਲਾਈ ੧, ੨੦੨੬

ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ॥

ਸੇਵਾ ਵਿਖੇ,
ਸਤਿਕਾਰਯੋਗ ਜਥੇਦਾਰ ਸਾਹਿਬ,
ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ ਸਾਹਿਬ।

ਵਿਸ਼ਾ: ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪਾਂ ਨੂੰ ਸਮੁੰਦਰੀ ਕੰਟੇਨਰ ਰਾਹੀਂ ਕੈਨੇਡਾ ਭੇਜਣ ਸਬੰਧੀ ਸਾਲ ੨੦੧੪ ਦੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਪੰਥਕ ਕਾਰਵਾਈ ਕਰਨ ਅਤੇ ਸਰੂਪ ਬੀ.ਸੀ. ਗੁਰਦੁਆਰਾ ਕੌਂਸਲ (BC Gurdwaras Council) ਦੇ ਹਵਾਲੇ ਕਰਨ ਸਬੰਧੀ ਬੇਨਤੀ।

ਬੇਨਤੀ ਹੈ ਕਿ ਸਾਨੂੰ ਜਾਣਕਾਰੀ ਪ੍ਰਾਪਤ ਹੋਈ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਸਮੁੰਦਰੀ ਕੰਟੇਨਰ ਰਾਹੀਂ ਕੈਨੇਡਾ ਭੇਜੇ ਗਏ, ਜੋ ੩੦ ਜੂਨ ੨੦੨੬ ਨੂੰ ਵੈਨਕੂਵਰ ਪੋਰਟ ਉੱਤੇ ਪਹੁੰਚੇ। ਇਸ ਤੋਂ ਬਾਅਦ ਇਹ ਸਰੂਪ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਬੱਸ ਨੰਬਰ PB02 CC 5999 ਰਾਹੀਂ ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ, 8115–132 Street, Surrey, BC ਵਿਖੇ ਲਿਆਂਦੇ ਗਏ। ਇਸ ਸਬੰਧੀ ਉਥੋਂ ਦੀ ਪ੍ਰਬੰਧਕ ਕਮੇਟੀ ਵੱਲੋਂ ਵੀ ਪੁਸ਼ਟੀ ਕੀਤੀ ਗਈ ਹੈ।

ਇਹ ਮਾਮਲਾ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸਾਲ ੨੦੧੪ ਵਿੱਚ ਜਾਰੀ ਕੀਤੇ ਗਏ ਹੁਕਮਾਂ (ਕਿ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਵਿਦੇਸ਼ਾਂ ਵਿੱਚ ਲੈ ਕੇ ਜਾਣ ਲਈ ਸਿਰਫ ਹਵਾਈ ਜਹਾਜ ਰਾਹੀਂ ਹੀ ਲਜਾਏ ਜਾ ਸਕਦੇ ਹਨ ਅਤੇ ਸਮੁੰਦਰੀ ਰਸਤੇ ਰਾਹੀਂ ਲੈ ਕੇ ਜਾਣ ਲਈ ਪੂਰਨ ਤੌਰ ਤੇ ਪਾਬੰਦੀ ਹੈ) ਅਤੇ ਨਿਰਧਾਰਿਤ ਪੰਥਕ ਮਰਿਆਦਾ ਦੀ ਉਲੰਘਣਾ ਹੈ। ਇਸ ਘਟਨਾ ਨਾਲ ਸਮੂਹ ਸਿੱਖ ਸੰਗਤ ਦੀਆਂ ਧਾਰਮਿਕ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚੀ ਹੈ ਅਤੇ ਸੰਗਤਾਂ ਵਿੱਚ ਗਹਿਰੀ ਚਿੰਤਾ ਅਤੇ ਰੋਸ ਪਾਇਆ ਜਾ ਰਿਹਾ ਹੈ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪਾਂ ਦਾ ਪ੍ਰਕਾਸ਼, ਸੰਭਾਲ, ਆਵਾਜਾਈ ਅਤੇ ਵੰਡ ਸਦਾ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਨਿਰਧਾਰਿਤ ਮਰਿਆਦਾ ਅਤੇ ਹੁਕਮਾਂ ਅਨੁਸਾਰ ਹੋਣੀ ਚਾਹੀਦੀ ਹੈ। ਇਸ ਲਈ ਇਸ ਸਮੂਹ ਮਾਮਲੇ ਦੀ ਨਿਰਪੱਖ, ਸੁਤੰਤਰ ਅਤੇ ਵਿਸਥਾਰਪੂਰਵਕ ਜਾਂਚ ਕਰਵਾ ਕੇ, ਜੇਕਰ ਕਿਸੇ ਵੀ ਪਾਸੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਦੀ ਉਲੰਘਣਾ ਹੋਈ ਹੈ, ਤਾਂ ਜ਼ਿੰਮੇਵਾਰ ਵਿਅਕਤੀਆਂ, ਸੰਸਥਾਵਾਂ ਅਤੇ ਅਧਿਕਾਰੀਆਂ ਵਿਰੁੱਧ ਯੋਗ ਪੰਥਕ ਕਾਰਵਾਈ ਕੀਤੀ ਜਾਵੇ।

ਇਹ ਵੀ ਜ਼ਿਕਰਯੋਗ ਹੈ ਕਿ ਪਿਛਲੇ ਸਮੇਂ ਦੌਰਾਨ ਵੀ ਇਸੇ ਵਿਸ਼ੇ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਕੋਲ ਕਈ ਵਾਰ ਸ਼ਿਕਾਇਤਾਂ ਅਤੇ ਬੇਨਤੀਆਂ ਕੀਤੀਆਂ ਗਈਆਂ ਸਨ, ਪਰ ਅਜੇ ਤੱਕ ਇਸ ਮਾਮਲੇ ਵਿੱਚ ਕੋਈ ਪ੍ਰਭਾਵਸ਼ਾਲੀ ਅਤੇ ਨਿਰਣਾਇਕ ਕਾਰਵਾਈ ਸਾਹਮਣੇ ਨਹੀਂ ਆਈ। ਜਿਵੇਂ ਸ੍ਰੀ ਅਕਾਲ ਤਖ਼ਤ ਸਾਹਿਬ ਹੋਰ ਪੰਥਕ ਮਸਲਿਆਂ ਵਿੱਚ ਤੁਰੰਤ ਅਤੇ ਦ੍ਰਿੜ੍ਹ ਕਾਰਵਾਈ ਕਰਦਾ ਹੈ, ਉਸੇ ਤਰ੍ਹਾਂ ਇਸ ਅਤਿ ਗੰਭੀਰ ਅਤੇ ਪੰਥ ਦੀ ਮਰਿਆਦਾ ਨਾਲ ਜੁੜੇ ਮਾਮਲੇ ਵਿੱਚ ਵੀ ਬਿਨਾਂ ਕਿਸੇ ਦੇਰੀ ਦੇ ਬਣਦੀ ਕਾਰਵਾਈ ਕੀਤੀ ਜਾਵੇ।

ਜੇਕਰ ਜਾਂਚ ਦੌਰਾਨ ਇਹ ਸਾਬਤ ਹੁੰਦਾ ਹੈ ਕਿ ਇਸ ਮਾਮਲੇ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਸਰੀ, ਧਾਰਮਿਕ ਸਕੱਤਰ ਜਾਂ ਕੋਈ ਹੋਰ ਅਧਿਕਾਰੀ ਜਾਂ ਕਰਮਚਾਰੀ ਜ਼ਿੰਮੇਵਾਰ ਹੈ, ਤਾਂ ਉਸ ਵਿਰੁੱਧ ਸ੍ਰੀ ਅਕਾਲ ਤਖ਼ਤ

ਸਾਹਿਬ ਦੀ ਮਰਿਆਦਾ ਅਨੁਸਾਰ ਸਖ਼ਤ ਪੰਥਕ ਕਾਰਵਾਈ ਕੀਤੀ ਜਾਵੇ, ਤਾਂ ਜੋ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਦੀ ਦੁਹਰਾਈ ਨਾ ਹੋਵੇ।

ਇਸ ਤੋਂ ਇਲਾਵਾ, ਅੱਜ ਹੋਈ ਸੰਗਤ ਦੀ ਇਕੱਤਰਤਾ ਵਿੱਚ ਹਾਜ਼ਰ ਵੱਖ-ਵੱਖ ਗੁਰਦੁਆਰਿਆਂ ਅਤੇ ਸੰਗਤਾਂ ਦੇ ਨੁਮਾਇੰਦਿਆਂ ਵੱਲੋਂ ਸਰਬਸੰਮਤੀ ਨਾਲ ਇਹ ਮਤਾ ਪਾਸ ਕੀਤਾ ਗਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਬੇਨਤੀ ਕੀਤੀ ਜਾਵੇ ਕਿ ਉਕਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਬੀ.ਸੀ. ਗੁਰਦੁਆਰਾ ਕੌਂਸਲ (BC Gurdwaras Council) ਅਤੇ ਸੰਗਤ ਦੀ ਨਿਗਰਾਨੀ ਹੇਠ ਸੌਂਪੇ ਜਾਣ, ਤਾਂ ਜੋ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਅਤੇ ਪੰਥਕ ਮਰਿਆਦਾ ਅਨੁਸਾਰ ਉਨ੍ਹਾਂ ਦੀ ਸੰਭਾਲ ਅਤੇ ਲੋੜ ਅਨੁਸਾਰ ਵੰਡ ਯਕੀਨੀ ਬਣਾਈ ਜਾ ਸਕੇ।

ਆਪ ਜੀ ਅੱਗੇ ਵਿਸ਼ੇਸ਼ ਬੇਨਤੀ ਹੈ ਕਿ ਸ਼ਨੀਵਾਰ, ੪ ਜੁਲਾਈ ੨੦੨੬ ਤੱਕ ਇਸ ਮਾਮਲੇ ਸਬੰਧੀ ਕੋਈ ਸਪੱਸ਼ਟ ਕਾਰਵਾਈ ਜਾਂ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਜਾਣ, ਕਿਉਂਕਿ ਐਤਵਾਰ, ੫ ਜੁਲਾਈ ੨੦੨੬ ਨੂੰ ਇੱਥੇ ਵੱਡੇ ਪੱਧਰ 'ਤੇ ਪੰਥਕ ਇਕੱਠ ਸੱਦਿਆ ਗਿਆ ਹੈ, ਜਿਸ ਵਿੱਚ ਇਸ ਵਿਸ਼ੇ 'ਤੇ ਵਿਚਾਰ-ਵਟਾਂਦਰਾ ਕੀਤਾ ਜਾਣਾ ਹੈ।

ਆਪ ਜੀ ਅੱਗੇ ਨਿਮਰ ਬੇਨਤੀ ਹੈ ਕਿ ਇਸ ਗੰਭੀਰ ਮਾਮਲੇ ਵਿੱਚ ਤੁਰੰਤ ਦਖ਼ਲ ਦੇ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ, ਪੰਥ ਦੀਆਂ ਭਾਵਨਾਵਾਂ ਦੀ ਰੱਖਿਆ ਕੀਤੀ ਜਾਵੇ ਅਤੇ ਯੋਗ ਪੰਥਕ ਦਿਸ਼ਾ-ਨਿਰਦੇਸ਼ ਜਾਰੀ ਕਰਨ ਦੀ ਕਿਰਪਾਲਤਾ ਕੀਤੀ ਜਾਵੇ।

ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫਤਹਿ॥

ਅਕਾਲ ਸਹਾਇ।


| | | |
|---|---|---|
| ਭਾਈ ਮੋਨਿੰਦਰ ਸਿੰਘ | ਭਾਈ ਅਮਰਜੀਤ ਸਿੰਘ ਮਾਨ | ਭਾਈ ਸੰਤੋਖ ਸਿੰਘ ਖੇਲਾ |
| ਬ੍ਰਿਟਿਸ਼ ਕੋਲੰਬੀਆ ਗੁਰਦੁਆਰਾ ਕੌਂਸਲ | ਓਂਟਾਰੀਓ ਗੁਰਦੁਆਰਾ ਕਮੇਟੀ | ਕਿਊਬੈਕ ਸਿੱਖ ਕੌਂਸਲ |